ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਡੇਂਗੂ ਤੋਂ ਬਚਾਅ ਲਈ ਹਰ ਸ਼ੁੱਕਰਵਾਰ ਮਨਾਇਆ ਜਾਵੇ 'ਡਰਾਈ ਡੇਅ': ਸਿਵਲ ਸਰਜਨ

* ਰਾਸ਼ਟਰੀ ਡੇਂਗੂ ਦਿਵਸ ਸਬੰਧੀ ਸਿਹਤ ਵਿਭਾਗ ਵੱਲੋਂ ਜਾਗਰੂਕਤਾ ਗਤੀਵਿਧੀਆਂ

ਬਰਨਾਲਾ, 15 ਮਈ

ਸਿਹਤ ਵਿਭਾਗ ਬਰਨਾਲਾ ਵੱਲੋਂ ਸਿਵਲ ਸਰਜਨ ਬਰਨਾਲਾ ਡਾ. ਗੁਰਿੰਦਰਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਰਾਸ਼ਟਰੀ ਡੇਂਗੂ ਦਿਵਸ ਦੇ ਸਬੰਧ ਵਿਚ ਜ਼ਿਲੇ ਵਿੱਚ ਜਾਗਰੂਕ ਗਤੀਵਿਧੀਆਂ ਕਰਾਈਆਂ ਗਈਆਂ ਹਨ।ਰਾਸ਼ਟਰੀ ਡੇਂਗੂ ਦਿਵਸ ਜੋ 16 ਮਈ ਨੂੰ ਹੈ, ਦੇ ਸਬੰਧ ਵਿਚ ਸਿਹਤ ਵਿਚ ਸਿਹਤ ਵਿਭਾਗ ਵੱਲੋਂ ਅੱਜ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ ਹੈ।

ਇਸ ਮੌਕੇ ਸਿਵਲ ਸਰਜਨ ਬਰਨਾਲਾ ਨੇ ਦੱਸਿਆ ਕਿ ਡੇਂਗੂ ਦੀ ਰੋਕਥਾਮ ਲਈ ਜਾਗਰੂਕਤਾ ਸਭ ਤੋਂ ਜ਼ਰੂਰੀ ਹੈ। ਇਸ ਤੋਂ ਇਲਾਵਾ ਸਭ ਵੱਲੋਂ ਹਰ ਸ਼ੁੱਕਰਵਾਰ ਨੂੰ ਡਰਾਈ ਡੇਅ ਮਨਾਇਆ ਜਾਣਾ ਚਾਹੀਦਾ ਹੈ, ਕਿਉਂਕਿ ਡੇਂਗੂ ਦਾ ਮੱਛਰ ਹਫਤੇ ਵਿੱਚ ਅੰਡੇ ਤੋਂ ਪੂਰਾ ਮੱਛਰ ਬਣਦਾ ਹੈ, ਇਸ ਲਈ ਕੂਲਰਾਂ, ਗਮਲਿਆਂ, ਫਰਿੱਜ ਦੀ ਟਰੇਅ ਅਤੇ ਹੋਰ ਪਾਣੀ ਦੇ ਭਾਂਡਿਆਂ ਨੂੰ ਹਫਤੇ ਦੇ ਹਰੇਕ ਸ਼ੁੱਕਰਵਾਰ ਨੂੰ ਸਾਫ ਕਰ ਕੇ ਸੁੱਕਾ ਰੱਖਿਆ ਜਾਵੇ।

ਡਾ. ਗੁਰਿੰਦਰਬੀਰ ਸਿੰਘ ਨੇ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ ਖੜ੍ਹੇ ਪਾਣੀ ਦੇ ਸੋਮਿਆਂ ਵਿਚ ਪੈਦਾ ਹੁੰਦਾ ਹੈ। ਉਨ੍ਹਾਂ ਡੇਂਗੂ ਬੁਖਾਰ ਸਬੰਧੀ ਦੱਸਿਆ ਕਿ ਤੇਜ ਬੁਖਾਰ, ਸਿਰ ਦਰਦ, ਮਾਸ ਪੇਸ਼ੀਆ ਤੇ ਜੋੜਾਂ ਵਿਚ ਦਰਦ, ਜੀਅ ਕੱਚਾ ਹੋਣਾ ਤੇ ਉਲਟੀਆਂ ਆਉਣਾ, ਥਕਾਵਟ ਮਹਿਸੂਸ ਹੋਣਾ, ਚਮੜੀ 'ਤੇ ਦਾਣੇ ਅਤੇ ਹਾਲਤ ਖਰਾਬ ਹੋਣ 'ਤੇ ਨੱਕ, ਮੂੰਹ ਅਤੇ ਮਸੂੜਿਆਂ ਵਿੱਚੋਂ ਖੂਨ ਵਗਣਾ ਆਦਿ ਇਸ ਦੇ ਲੱਛਣ ਹਨ।

ਸਿਵਲ ਸਰਜਨ ਬਰਨਾਲਾ ਨੇ ਡੇਂਗੂ ਬੁਖਾਰ ਤੋਂ ਬਚਾਅ ਦੇ ਵੱਖ-ਵੱਖ ਢੰਗਾਂ ਬਾਰੇ ਦੱਸਿਆ ਕਿ ਜਿਵੇਂ ਘਰਾਂ ਦੇ ਆਲੇ-ਦੁਆਲੇ ਛੋਟੇ ਟੋਇਆਂ ਵਿੱਚ ਪਾਣੀ ਇਕੱਠਾ ਨਾ ਹੋਣ ਦਿਓ ਤੇ ਇਨ੍ਹਾਂ ਨੂੰ ਮਿੱਟੀ ਨਾਲ ਭਰਨਾਂ, ਛੱਪੜਾਂ 'ਚ ਖੜ੍ਹੇ ਪਾਣੀ ਤੇ ਹਫਤੇ ਵਿਚ ਇਕ ਵਾਰ ਕਾਲੇ ਤੇਲ ਦਾ ਛਿੜਕਾਅ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕੱਪੜੇ ਅਜੀਹੇ ਪਾਓ ਕਿ ਸਰੀਰ ਪੂਰੀ ਤਰ੍ਹਾਂ ਢੱਕਿਆ ਰਹੇ ਤਾਂ ਜੋ ਮੱਛਰ ਨਾ ਕੱਟੇ।

ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਬਰਨਾਲਾ ਦੇ ਮਾਸ ਮੀਡੀਆ ਵਿੰਗ ਦੀ ਟੀਮ ਵੱਲੋਂ ਜਿਸ ਵਿੱਚ ਹਰਜੀਤ ਸਿੰਘ ਜ਼ਿਲ੍ਹਾ ਬੀ.ਸੀ.ਸੀ. ਕੋਆਰਡੀਨੇਟਰ ਅਤੇ ਕੁਲਦੀਪ ਸਿੰਘ ਡਿਪਟੀ ਮਾਸ ਮੀਡੀਆ ਆਦਿ ਸ਼ਾਮਲ ਹਨ, ਵੱਲੋਂ ਜ਼ਿਲ੍ਹੇ ਭਰ ਵਿਚ ਜਾਗਰੂਕਤਾ ਹਿੱਤ ਪ੍ਰਚਾਰ ਮੁਹਿੰਮ ਜਾਰੀ ਹੈ,ਜਿਸ ਤਹਿਤ ਵੱਖ ਵੱਖ ਥਾਈਂ ਜਾ ਕੇ ਅਤੇ ਸੋਸ਼ਲ ਮੀਡੀਆ ਰਾਹੀਂ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਕੋਟਕਪੂਰਾ ਤੋਂ ਚੱਲੇ 11 ਪਰਵਾਸੀ ਮਜ਼ਦੂਰਾਂ ਲਈ ਉਮੀਦ ਦੀ ਕਿਰਨ ਬਣਿਆ ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ

* ਸਾਈਕਲਾਂ ’ਤੇ ਚੱਲੇ ਪਰਵਾਸੀਆਂ ਨੂੰ ਰੇਲਗੱਡੀ ਰਾਹੀਂ ਬਿਹਾਰ ਪਹੁੰਚਾਉਣ ਦੇ ਡੀ ਸੀ ਬਰਨਾਲਾ ਨੇ ਕੀਤੇ ਇੰਤਜ਼ਾਮ
* ਸਬੰਧਤ ਵਿਅਕਤੀਆਂ ਦੇ ਰਹਿਣ ਅਤੇ ਖਾਣ-ਪੀਣ ਦੇ ਵੀ ਕੀਤੇ ਗਏ ਪੁਖਤਾ ਪ੍ਰਬੰਧ

ਬਰਨਾਲਾ, 16 ਮਈ
ਫਰੀਦਕੋਟ ਜ਼ਿਲ੍ਹੇ ਦੇ ਕੋਟਕਪੂਰਾ ਸ਼ਹਿਰ ਤੋਂ ਬਿਹਾਰ ਲਈ ਸਾਈਕਲਾਂ ’ਤੇ ਚੱਲੇ ਪਰਵਾਸੀ ਮਜ਼ਦੂਰਾਂ ਲਈ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾਂ ਵੱਲੋਂ ਵਿਸ਼ੇਸ਼ ਉਦਮ ਕੀਤਾ ਗਿਆ ਹੈ, ਜਿਸ ਬਦੌਲਤ ਇਹ ਪਰਵਾਸੀ ਹੁਣ ਸਾਈਕਲਾਂ ਦੀ ਬਜਾਏ ਰੇਲਗੱਡੀ ਰਾਹੀਂ ਬਿਹਾਰ ਪਹੁੰਚ ਸਕਣਗੇ।
ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੂੰ ਮੀਡੀਆ ਕਰਮੀ ਦਵਿੰਦਰ ਸ਼ਰਮਾ ਦੇਵ ਵੱਲੋਂ ਸੂਚਨਾ ਦਿੱਤੀ ਗਈ ਕਿ 11 ਪਰਵਾਸੀ ਵਿਅਕਤੀ ਕੋਟਕਪੂਰਾ ਤੋਂ ਸਾਈਕਲਾਂ ’ਤੇ ਬਿਹਾਰ ਲਈ ਚੱਲੇ ਹੋਏ ਹਨ ਤੇ ਉਹ ਬਰਨਾਲਾ ਵਿਚ ਗੁਜ਼ਰ ਰਹੇ ਹਨ। ਡਿਪਟੀ ਕਮਿਸ਼ਨਰ ਨੂੰ ਸੂਚਨਾ ਮਿਲਣ ’ਤੇ ਉਹ ਤੁਰੰਤ ਮੌਕੇ ’ਤੇ ਪੁੱਜੇ। ਉਨ੍ਹਾਂ ਸਾਰੇ ਪਰਵਾਸੀ ਮਜ਼ਦੂਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂਜ਼ਿਲ੍ਹਾ ਰੈੱਡ ¬ਕ੍ਰਾਸ ਸੁਸਾਇਟੀ ਰਾਹੀਂ ਪਰਵਾਸੀ ਮਜ਼ਦੂਰਾਂ ਦੇ ਖਾਣ-ਪੀਣ ’ਤੇ ਹੋਰ ਇੰਤਜ਼ਾਮ ਕਰਵਾਏ ਅਤੇ ਏਡੀਸੀ (ਜ) ਮੈਡਮ ਰੂਹੀ ਦੁੱਗ ਨੂੰ ਇਨ੍ਹਾਂ ਦੇ ਸਾਰੇ ਤਰ੍ਹਾਂ ਦੇ ਇੰਤਜ਼ਾਮ ਕਰਨ ਲਈ ਆਖਿਆ। ਡਿਪਟੀ ਕਮਿਸ਼ਨਰ ਸ੍ਰੀ ਫੂਲਕਾ ਨੇ ਦੱਸਿਆ ਕਿ ਇਨ੍ਹਾਂ ਸਾਰੇ ਵਿਅਕਤੀਆਂ ਦੇ ਵੇਰਵੇ ਜ਼ਿਲ੍ਹਾ ਪ੍ਰਸ਼ਾਸਨ ਨੇ ਲੈ ਲਏ ਹਨ ਤੇ ਉਨ੍ਹਾਂ ਵੱਲੋਂ ਇਨ੍ਹਾਂ ਪਰਵਾਸੀਆਂ ਨੂੰ ਰੇਲਗੱਡੀ ਰਾਹੀਂ ਭੇਜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਬੰਧਤ ਅਧਿਕਾਰੀਆਂ ਨਾਲ ਰਾਬਤਾ ਬਣਾ ਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੱਸ ਦਾ ਇੰਤਜ਼ਾਮ ਕਰ ਕੇ ਇਨ੍ਹਾਂ ਨੂੰ ਫਿਰੋਜ਼ਪੁਰ ਭੇਜਿਆ ਜਾਵੇਗਾ, ਜਿੱਥੋਂ ਇਨ੍ਹਾਂ ਨੂੰ ਰੇਲਗੱਡੀ ਰਾਹੀਂ ਬਿਹਾਰ ਭੇਜਿਆ ਜਾਵੇਗਾ। ਇਸ ਮੌਕੇ ਸ੍ਰੀ ਫੂਲਕਾ ਨੇ ਆਖਿਆ ਕਿ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਆਖਿਆ ਕਿ ਇਸ ਮਹਾਮਾਰੀ ਦੇ ਸਮੇਂ ਵਿਚ ਜ਼ਿਲ੍ਹਾ ਪ੍ਰਸ਼ਾਸਨ ਮਨੁੱਖਤਾ ਦੀ ਭਲਾਈ ਵਿਚ ਜੁਟਿਆ ਹੋਇਆ ਹੈ ਤੇ ਗਰੀਬ, ਲੋੜਵੰਦਾਂ ਨੂੰ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

**o/o District Public Relations officer, Barnala**

**Barnala district admn comes to rescue of 11 migrant workers**

- **DC makes arrangements to send migrants to Bihar on train**
- **Migrants were passing through Barnala to reach Bihar on bicycles**

Barnala, May 16

Deputy Commissioner Mr. Tej Partap Singh Phoolka has taken an initiative for 11 migrant labourers, who left Kotkapura (Faridkot) for Bihar on bicycles. Now these migrants will be able to reach Bihar by train instead of bicycles.

Mr. Phoolka received information from journalist Davinder Sharma Dev that 11 migrant labourers had left Kotkapura on bicycles for Bihar and were passing through Barnala. The Deputy Commissioner rushed to the spot and interacted with them. He informed ADC Roohe Dugg to make arrangements for them. The Deputy Commissioner said that the details of all these persons had been taken by the district administration and they would send these migrants by train. He

said after liaising with the authorities concerned, the district administration would arrange a bus for them and send them to Ferozepur, from where they would be sent to Bihar via train. The migrant labourers thanked the Barnala DC.

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਖਰੀਦਦਾਰੀ ਕਰਨ ਵੇਲੇ ਜ਼ਰੂਰੀ ਇਹਤਿਆਤਾਂ ਦਾ ਖਿਆਲ ਰੱਖਣ ਗਾਹਕ: ਤੇਜ ਪ੍ਰਤਾਪ ਸਿੰਘ ਫੂਲਕਾ

'ਦੁਕਾਨ ਮਾਲਕ ਵੀ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਉਣ'

ਬਰਨਾਲਾ, 16 ਮਈ

ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਆਖਿਆ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਅਤੇ ਲੋਕਾਂ ਦੀ ਸਿਹਤ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਬਰਨਾਲਾ ਅੰਦਰ ਕਰਫਿਊ ਜਾਰੀ ਹੈ। ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਦੀ ਹਦੂਦ ਅੰਦਰ ਸਾਰੀਆਂ ਸ਼੍ਰੇਣੀਆਂ ਦੀਆਂ ਦੁਕਾਨਾਂ ਕਰਫਿਊ ਦੌਰਾਨ ਪੂਰਾ ਹਫਤਾ (ਸੋਮਵਾਰ ਤੋਂ ਐਤਵਾਰ) ਸਵੇਰੇ 07.00 ਵਜੇ ਤੋਂ ਸ਼ਾਮ 06.00 ਵਜੇ ਤੱਕ ਖੋਲ੍ਹਣ ਦੀ ਪ੍ਰਵਾਨਗੀ ਦਿੱਤੀ ਗਈ ਹੈ, ਪਰ ਸਬੰਧਤ ਦੁਕਾਨਦਾਰ ਅਤੇ ਗਾਹਕ ਜ਼ਰੂਰੀ ਇਹਤਿਆਤਾਂ ਦੀ ਪਾਲਣਾ ਜ਼ਰੂਰ ਕਰਨ।

ਉਨ੍ਹਾਂ ਦੱਸਿਆ ਕਿ ਇਹ ਪ੍ਰਵਾਨਗੀ ਕੰਟੇਨਮੈਂਟ ਜ਼ੋਨਾਂ 'ਤੇ ਲਾਗੂ ਨਹੀਂ ਹੋਵੇਗੀ। ਸਾਰੇ ਮਾਲਜ਼, ਹੋਟਲ, ਕਲੱਬ, ਅਹਾਤੇ, ਜਿਮ, ਸਵੀਮਿੰਗ ਪੂਲਜ਼, ਹਜਾਮਤ ਦੁਕਾਨਾਂ, ਸਪਾ ਸੋਪਸ਼, ਬਿਊਟੀ ਸੈਲੂਨ, ਥੀਏਟਰ, ਐਂਟਰਟੇਨਮੈਂਟ ਪਾਰਕ, ਹਾਸਪੀਟੈਲਿਟੀ ਸੇਵਾਵਾਂ, ਖੇਡ ਕੰਪਲੈਕਸ, ਬਾਰ ਆਦਿ ਇਸ ਸਮੇਂ ਦੌਰਾਨ ਪਹਿਲਾਂ ਦੀ ਤਰ੍ਹਾਂ ਬੰਦ ਹੀ ਰਹਿਣਗੇ। ਇਸ ਤੋਂ ਇਲਾਵਾ ਰੈਸਟੋਰੈਂਟ, ਮਠਿਆਈ ਦੀਆਂ ਦੁਕਾਨਾਂ/ਬੇਕਰੀ ਆਦਿ ਤੋਂ ਗਾਹਕਾਂ ਨੂੰ ਖਾਣ-ਪੀਣ ਵਾਲੀਆਂ ਵਾਸਤੂਆਂ ਸਿਰਫ ਪੈਕ ਕਰਕੇ ਹੀ ਦਿੱਤੀਆਂ ਜਾ ਸਕਣਗੀਆਂ। ਇਨ੍ਹਾਂ ਦੁਕਾਨਾਂ ਅੰਦਰ ਬੈਠ ਕੇ ਖਾਣ-ਪੀਣ 'ਤੇ ਮਨਾਹੀ ਹੋਵੇਗੀ।ਪ੍ਰਵਾਨਿਤ ਦੁਕਾਨਾਂ ਤੋਂ ਵਸਤੂਆਂ ਦੀ ਹੋਮ ਡਲਿਵਰੀ ਸਵੇਰੇ 10:00 ਵਜੇ ਤੋਂ ਲੈ ਕੇ ਸ਼ਾਮ 05:00 ਵਜੇ ਤੱਕ ਕੀਤੀ ਜਾ ਸਕੇਗੀ। ਦੁੱਧ/ਦੁੱਧ ਪਦਾਰਥਾਂ ਦੀ ਸਪਲਾਈ ਦੋਧੀਆਂ ਵੱਲੋਂ ਘਰ—ਘਰ ਜਾ ਕੇ ਸਵੇਰੇ 05:00 ਵਜੇ ਤੋਂ ਕੀਤੀ ਸਕੇਗੀ ਸਬਜ਼ੀ ਅਤੇ ਫਲਾਂ ਦੀ ਸਪਲਾਈ ਪਹਿਲਾਂ ਦੀ ਤਰਾਂ ਘਰ—ਘਰ ਜਾ ਕੇ ਕੀਤੀ ਸਕੇਗੀ।

ਉਨ੍ਹਾਂ ਕਿਹਾ ਕਿ ਪ੍ਰਵਾਨਿਤ ਦੁਕਾਨਾਂ ਸਿਰਫ 50 ਫੀਸਦੀ ਸਟਾਫ ਸਮੇਤ ਖੋਲ੍ਹੀਆਂ ਜਾਣ। ਦੁਕਾਨਦਾਰ ਜ਼ਰੂਰੀ ਸਾਵਧਾਨੀਆਂ ਯਕੀਨੀ ਬਣਾਉਣ ਅਤੇ ਗਾਹਕ ਵੀ ਸਿਹਤ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਦਾ ਖਿਆਲ ਰੱਖਣ। ਬਰਨਾਲਾ ਸ਼ਹਿਰ ਵਿੱਚ ਆਮ ਜਨਤਾ ਵੱਲੋਂ ਖਰੀਦਦਾਰੀ ਲਈ ਆਉਣ-ਜਾਣ ਲਈ ਸਿਰਫ 2 ਪਹੀਆ ਵਾਹਨ ਦੀ ਵਰਤੋਂ ਕੀਤੀ ਜਾ ਸਕੇਗੀ ਅਤੇ 4 ਪਹੀਆਂ ਵਾਹਨ 'ਤੇ ਪਾਬੰਦੀ ਰਹੇਗੀ।

ਵਸਤੂਆਂ ਦੀ ਖਰੀਦਦਾਰੀ ਕਰਨ ਲਈ ਪਰਿਵਾਰ ਵਿਚੋਂ ਸਿਰਫ ਇੱਕ ਵਿਅਕਤੀ ਹੀ ਜਾਵੇ ਤਾਂ ਜੋ ਬਾਜ਼ਾਰ/ਦੁਕਾਨਾਂ 'ਤੇ ਭੀੜ ਨਾ ਹੋਵੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਨਗਰ ਕੌਂਸਲ ਵੱਲੋਂ ਈ-ਰਿਕਸ਼ਿਆਂ ਦੀ ਸੈਨੇਟਾਈਜ਼ੇਸ਼ਨ
ਬਰਨਾਲਾ, 16 ਮਈ
ਨਗਰ ਕੌਂਸਲ ਬਰਨਾਲਾ ਵੱਲੋਂ ਕਰੋਨਾ ਵਾਇਰਸ ਤੋਂ ਬਚਾਅ ਦੇ ਮੱਦੇਨਜ਼ਰ ਸੈਨੇਟਾਈਜ਼ੇਸ਼ਨ ਮੁਹਿੰਮ ਜ਼ੋਰਾਂ 'ਤੇ ਹੈ। ਇਸ ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੇ ਨਿਰਦੇਸ਼ਾਂ 'ਤੇ ਨਗਰ ਕੌਂਸਲ ਵੱਲੋਂ ਸਾਰੇ ਸ਼ਹਿਰ ਦੇ ਈ-ਰਿਕਸ਼ਿਆਂ ਦੀ ਸੈਨੇਟਾਈਜ਼ੇਸ਼ਨ ਕਰਵਾਈ ਗਈ ਹੈ। ਨਗਰ ਕੌਂਸਲ ਬਰਨਾਲਾ ਦੇ ਕਾਰਜਸਾਧਕ ਅਫਸਰ ਮਨਪ੍ਰੀਤ ਸਿੰਘ ਸਿੱਧੂ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਾਰਕਿੰਗ ਆਦਿ ਤੋਂ ਬਾਜ਼ਾਰ ਵਿਚ ਜਾਣ ਜਾਂ ਹੋਰ ਨਿਰਧਾਰਿਤ ਰੋਟ 'ਤੇ ਲੋਕਾਂ ਨੂੰ ਸੇਵਾਵਾਂ ਦੇਣ ਲਈ ਜੋ ਈ-ਰਿਕਸ਼ਾ ਚਲਵਾਏ ਗਏ ਹਨ, ਨਗਰ ਕੌਂਸਲ ਵੱਲੋਂ ਉਨ੍ਹਾਂ ਸਾਰੇ ਈ-ਰਿਕਸ਼ਿਆਂ ਨੂੰ ਸੈਨੇਟਾਈਜ਼ ਕੀਤਾ ਗਿਆ ਹੈ।